ਗਉੜੀ ਮਹਲਾ ੫ ॥ ਸਾਧਸੰਗਿ ਤਾ ਕੀ ਸਰਨੀ ਪਰਹੁ ॥ ਮਨੁ ਤਨੁ ਅਪਨਾ ਆਗੈ ਧਰਹੁ ॥੧॥ ਅੰਮ੍ਰਿਤ ਨਾਮੁ ਪੀਵਹੁ ਮੇਰੇ ਭਾਈ ॥ ਸਿਮਰਿ ਸਿਮਰਿ ਸਭ ਤਪਤਿ ਬੁਝਾਈ ॥ ੧॥ ਰਹਾਉ ॥ ਤਜਿ ਅਭਿਮਾਨੁ ਜਨਮ ਮਰਣੁ ਨਿਵਾਰਹੁ ॥ ਹਰਿ ਕੇ ਦਾਸ ਕੇ ਚਰਣ ਨਮਸਕਾਰਹੁ ॥੨॥ ਸਾਸਿ ਸਾਸਿ ਪ੍ਰਭੁ ਮਨਹਿ ਸਮਾਲੇ ॥ ਸੋ ਧਨੁ ਸੰਚਹੁ ਜੋ ਚਾਲੈ ਨਾਲੇ ॥੩॥ ਤਿਸਹਿ ਪਰਾਪਤਿ ਜਿਸੁ ਮਸਤਕਿ ਭਾਗੁ ॥ ਕਹੁ ਨਾਨਕ ਤਾ ਕੀ ਚਰਣੀ ਲਾਗੁ ॥੪॥੫੭॥੧੨੬॥ {ਪੰਨਾ 191}

ਪਦਅਰਥ:- ਸਾਧ ਸੰਗਿ—ਸਾਧ ਸੰਗਤਿ ਵਿਚ, ਗੁਰੂ ਦੀ ਸੰਗਤਿ ਵਿਚ। ਤਾ ਕੀ—ਉਸ (ਪਰਮਾਤਮਾ) ਦੀ।1।

ਭਾਈ—ਹੇ ਵੀਰ! ਤਪਤਿ—ਸੜਨ।1। ਰਹਾਉ।

ਤਜਿ—ਛੱਡ ਕੇ। ਨਮਸਕਾਰਹੁ—ਨਮਸਕਾਰ ਕਰੋ, ਆਪਣਾ ਸਿਰ ਨਿਵਾਓ।2।

ਸਾਸਿ ਸਾਸਿ—ਹਰੇਕ ਸਾਹ ਦੇ ਨਾਲ। ਮਨਹਿ—ਮਨ ਵਿਚ। ਸਮਾਲੇ—ਸਮਾਲਿ, ਸਾਂਭ ਕੇ ਰੱਖ। ਸੰਚਹੁ—ਇਕੱਠਾ ਕਰੋ।3।

ਤਿਸਹਿ—ਉਸ (ਮਨੁੱਖ) ਨੂੰ। ਮਸਤਕਿ—ਮੱਥੇ ਉਤੇ।4।

ਅਰਥ:- ਹੇ ਮੇਰੇ ਵੀਰ! ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀ (ਸੁਆਸ ਸੁਆਸ ਪਰਮਾਤਮਾ ਦਾ ਨਾਮ ਸਿਮਰ। ਜਿਸ ਨੇ ਨਾਮ ਸਿਮਰਿਆ ਹੈ) ਉਸ ਨੇ ਸਿਮਰ ਸਿਮਰ ਕੇ (ਆਪਣੇ ਅੰਦਰੋਂ ਵਿਕਾਰਾਂ ਦੀ) ਸਾਰੀ ਸੜਨ ਬੁਝਾ ਲਈ ਹੈ।1। ਰਹਾਉ।

(ਹੇ ਮੇਰੇ ਵੀਰ!) ਸਾਧ ਸੰਗਤਿ ਵਿਚ ਜਾ ਕੇ ਉਸ ਪਰਮਾਤਮਾ ਦਾ ਆਸਰਾ ਲੈ। ਆਪਣਾ ਮਨ ਆਪਣਾ ਤਨ (ਭਾਵ, ਆਪਣਾ ਹਰੇਕ ਗਿਆਨ-ਇੰਦ੍ਰਾ) ਉਸ ਪਰਮਾਤਮਾ ਦੇ ਹਵਾਲੇ ਕਰ ਦੇਹ।1।

(ਹੇ ਮੇਰੇ ਵੀਰ!) ਪਰਮਾਤਮਾ ਦੇ ਸੇਵਕ ਦੇ ਚਰਨਾਂ ਉਤੇ ਆਪਣਾ ਸਿਰ ਰੱਖ ਦੇ (ਇਸ ਤਰ੍ਹਾਂ ਆਪਣੇ ਅੰਦਰੋਂ) ਅਹੰਕਾਰ ਦੂਰ ਕਰ ਕੇ ਜਨਮ ਮਰਨ ਦਾ ਗੇੜ ਮੁਕਾ ਲੈ।2।

(ਹੇ ਮੇਰੇ ਭਾਈ!) ਹਰੇਕ ਸਾਹ ਦੇ ਨਾਲ ਪਰਮਾਤਮਾ ਨੂੰ ਆਪਣੇ ਮਨ ਵਿਚ ਸਾਂਭ ਰੱਖ। ਉਹ (ਨਾਮ-) ਧਨ ਇਕੱਠਾ ਕਰ ਜੇਹੜਾ ਤੇਰੇ ਨਾਲ ਸਾਥ ਕਰੇ।3।

(ਪਰ ਇਹ ਨਾਮ-ਧਨ ਇਕੱਠਾ ਕਰਨਾ ਜੀਵਾਂ ਦੇ ਵੱਸ ਦੀ ਗੱਲ ਨਹੀਂ। ਇਹ ਨਾਮ-ਧਨ) ਉਸ ਮਨੁੱਖ ਨੂੰ ਹੀ ਮਿਲਦਾ ਹੈ, ਜਿਸ ਦੇ ਮੱਥੇ ਉਤੇ ਭਾਗ ਜਾਗੇ। ਹੇ ਨਾਨਕ! ਆਖ—(ਹੇ ਮੇਰੇ ਭਾਈ!) ਤੂੰ ਉਸ ਮਨੁੱਖ ਦੀ ਚਰਨੀਂ ਲੱਗ (ਜਿਸ ਨੂੰ ਨਾਮ-ਧਨ ਮਿਲਿਆ ਹੈ)।4। 57।126।